# ਆਕਾਸ਼ਵਾਣੀ ਜਲੰਧਰ

## ਪ੍ਰਦੇਸ਼ਿਕ ਖਬਰਾਂ ਪੰਜਾਬੀ

**18:20**

**ਮਿਤੀ : 29-06-2025**

- ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਆਕਾਸ਼ਵਾਣੀ 'ਤੇ ਮਨ ਕੀ ਬਾਤ ਪ੍ਰੋਗਰਾਮ ਵਿੱਚ, ਦੇਸ਼ ਵਿਦੇਸ਼ ਵਿਚ ਲੋਕਾਂ ਨਾਲ ਆਪਣੇ ਵਿਚਾਰ ਸਾਂਝੇ ਕੀਤੇ - ਕਿਹਾ ਭਾਰਤ ਸਿਹਤ ਤੋਂ ਲੈ ਕੇ ਸਮਾਜਿਕ ਸੁਰੱਖਿਆ ਤੱਕ, ਹਰ ਖੇਤਰ ਵਿੱਚ ਤਰੱਕੀ ਕਰ ਰਿਹੈ, ਜੋ ਸਮਾਜਿਕ ਨਿਆਂ ਦੀ ਇੱਕ ਵਧੀਆ ਤਸਵੀਰ ਪੇਸ਼ ਕਰਦਾ ਏ।
- ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਧੂਰੀ ਵਿਖੇ, 54 ਕਰੋੜ ਤੋਂ ਵੱਧ ਦੀ ਲਾਗਤ ਵਾਲੇ ਦੋ ਮਾਰਗੀ ਰੇਲਵੇ ਓਵਰਬ੍ਰਿਜ ਦਾ ਨਿਰਮਾਣ ਕਾਰਜ ਜਲਦੀ ਸ਼ੁਰੂ ਹੋਣ ਦਾ ਕੀਤਾ ਐਲਾਨ।
- ਸ਼ੇਰੇ ਪੰਜਾਬ ਮਹਾਰਾਜਾ ਰਣਜੀਤ ਸਿੰਘ ਦਾ ਬਰਸੀ ਸਮਾਗਮ ਅੱਜ ਅੰਮ੍ਰਿਤਸਰ ਦੇ ਇਤਿਹਾਸਕ ਰਾਮਬਾਗ ਵਿਖੇ ਕਰਵਾਇਆ ਗਿਆ
- ਪੰਜਾਬ ਅਤੇ ਚੰਡੀਗੜ੍ਹ ਦੇ ਕਈ ਹਿੱਸਿਆਂ ਵਿੱਚ ਰੁਕ-ਰੁਕ ਕੇ ਪੈ ਰਹੇ ਮੀਹਂ ਕਾਰਨ ਮੌਸਮ ਵਿਚ ਤਬਦੀਲੀ-ਪਠਾਨਕੋਟ-ਸ਼ਾਹਪੁਰ ਕੰਢੀ ਵਾਇਆ ਧਾਰ ਕਲਾਂ ਡਲਹੌਜ਼ੀ ਚਾਬਾ ਸੜਕ 'ਤੇ ਜ਼ਮੀਨ

ਖਿਸਕਣ ਕਾਰਨ ਆਵਾਜਾਈ ਬੰਦ ਕੀਤੀ ਗਈ- ਮੁਰੰਮਤ ਕਾਰਜ ਜਾਰੀ I

ਹੁਣ ਖਬਰਾਂ ਵਿਸਥਾਰ ਨਾਲ.....

---------------------------------------------------------------------

ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਕਿਹਾ ਏ ਕਿ ਦੇਸ਼, ਸਿਹਤ ਤੋਂ ਲੈ ਕੇ ਸਮਾਜਿਕ ਸੁਰੱਖਿਆ ਤੱਕ ਹਰ ਖੇਤਰ ਵਿੱਚ ਤੇਜ਼ੀ ਨਾਲ ਤਰੱਕੀ ਕਰ ਰਿਹਾ ਏ। ਅੱਜ ਆਕਾਸ਼ਵਾਣੀ 'ਤੇ ਮਨ ਕੀ ਬਾਤ ਪ੍ਰੋਗਰਾਮ ਵਿੱਚ, ਦੇਸ਼ ਵਿਦੇਸ਼ ਵਿਚ ਲੋਕਾਂ ਨਾਲ ਆਪਣੇ ਵਿਚਾਰ ਸਾਂਝੇ ਕਰਦਿਆਂ, ਸ਼੍ਰੀ ਮੋਦੀ ਨੇ ਅੰਤਰ-ਰਾਸ਼ਟਰੀ ਕਿਰਤ ਸੰਗਠਨ ਦੀ ਰਿਪੋਰਟ ਦਾ ਹਵਾਲਾ ਦਿੰਦਿਆਂ ਕਿਹਾ। BYTE:

ਉਨ੍ਹਾਂ ਨੇ ਵਿਸ਼ਵ ਸਿਹਤ ਸੰਗਠਨ ਦੀ ਰਿਪੋਰਟ ਦਾ ਵੀ ਹਵਾਲਾ ਦਿੱਤਾ, ਜਿਸ ਵਿੱਚ ਭਾਰਤ ਨੂੰ ਅੱਖਾਂ ਦੀ ਬਿਮਾਰੀ ਟ੍ਰੈਕੋਮਾ ਤੋਂ ਮੁਕਤ ਐਲਾਨਿਆ ਗਿਆ ਏ ।BYTE:

ਸ਼੍ਰੀ ਮੋਦੀ ਨੇ ਕਿਹਾ ਕਿ ਸਵੱਛ ਭਾਰਤ ਅਭਿਆਨ ਅਤੇ ਜਲ ਜੀਵਨ ਮਿਸ਼ਨ ਨੇ ਵੀ ਇਸ ਵਿੱਚ ਬਹੁਤ ਮਦਦ ਕੀਤੀ ਏ । ਐਮਰਜੈਂਸੀ ਦਾ ਹਵਾਲਾ ਦਿੰਦੇ ਹੋਏ, ਪ੍ਰਧਾਨ ਮੰਤਰੀ ਨੇ ਕਿਹਾ ਕਿ ਵੱਡੇ ਤੋਂ ਵੱਡੇ ਸੰਕਟ ਨਾਲ ਵੀ ਜਨਤਕ ਭਾਗੀਦਾਰੀ ਰਾਹੀਂ ਨਜਿੱਠਿਆ ਜਾ ਸਕਦਾ ਏ । ਬੀਤੀ 21 ਜੂਨ ਨੂੰ ਮਨਾਏ ਗਏ ਅੰਤਰਰਾਸ਼ਟਰੀ ਯੋਗ

ਦਿਵਸ ਬਾਰੇ, ਸ਼੍ਰੀ ਮੋਦੀ ਨੇ ਕਿਹਾ ਕਿ ਦੁਨੀਆ ਭਰ ਦੇ ਕਰੋੜਾਂ ਲੋਕਾਂ ਨੇ ਇਸ ਵਿੱਚ ਹਿੱਸਾ ਲਿਆ। ਉਨ੍ਹਾਂ ਕਿਹਾ ਕਿ ਵੱਧ ਤੋਂ ਵੱਧ ਲੋਕ ਆਪਣੇ ਰੋਜ਼ਾਨਾ ਜੀਵਨ ਵਿੱਚ ਯੋਗ ਨੂੰ ਅਪਣਾ ਰਹੇ ਨੇ । ਸ਼੍ਰੀ ਮੋਦੀ ਨੇ ਕੈਲਾਸ਼ ਮਾਨਸਰੋਵਰ ਯਾਤਰਾ, ਅਮਰਨਾਥ ਯਾਤਰਾ ਅਤੇ ਜਗਨਨਾਥ ਰੱਥ ਯਾਤਰਾ ਬਾਰੇ ਵੀ ਚਰਚਾ ਕੀਤੀ। ਪ੍ਰਧਾਨ ਮੰਤਰੀ ਨੇ ਕਿਹਾ ਕਿ ਔਰਤਾਂ ਦੀ ਅਗਵਾਈ ਵਿੱਚ, ਵਿਕਾਸ ਦਾ ਮੰਤਰ ਭਾਰਤ ਵਾਸਤੇ ਇੱਕ ਨਵਾਂ ਭਵਿੱਖ ਬਣਾਉਣ ਲਈ ਤਿਆਰ ਏ । ਦੇਸ਼ ਦੀਆਂ ਔਰਤਾਂ ਨਾ ਸਿਰਫ਼ ਆਪਣੇ ਆਪ ਨੂੰ ਸਗੋਂ ਪੂਰੇ ਸਮਾਜ ਨੂੰ ਇੱਕ ਨਵੀਂ ਦਿਸ਼ਾ ਦੇ ਰਹੀਆਂ ਨੇ । ਸ਼੍ਰੀ ਮੋਦੀ ਨੇ ਕਿਹਾ ਕਿ 'ਏਕ ਪੇੜ ਮਾਂ ਕੇ ਨਾਮ' ਮੁਹਿੰਮ ਤਹਿਤ ਦੇਸ਼ ਵਿੱਚ ਕਰੋੜਾਂ ਬੂਟੇ ਲਗਾਏ ਗਏ ਨੇ । ਉਨ੍ਹਾਂ ਲੋਕਾਂ ਨੂੰ ਆਪਣੇ ਪਿੰਡ ਜਾਂ ਸ਼ਹਿਰ ਵਿੱਚ ਚਲਾਈਆਂ ਜਾ ਰਹੀ ਅਜਿਹੀ ਮੁਹਿੰਮਾਂ ਵਿੱਚ ਲਾਜ਼ਮੀ ਤੌਰ 'ਤੇ ਹਿੱਸਾ ਲੈਣ ਦੀ ਅਪੀਲ ਕੀਤੀ । ਪ੍ਰਧਾਨ ਮੰਤਰੀ ਨੇ ਕਿਹਾ ਕਿ ਜਦੋਂ ਛੋਟੀਆਂ ਆਦਤਾਂ ਸਮੂਹਿਕ ਸੰਕਲਪ ਬਣਦੀਆਂ ਨੇ , ਤਾਂ ਇੱਕ ਵੱਡਾ ਬਦਲਾਅ ਯਕੀਨੀ ਹੁੰਦਾ ਏ । ਸ਼੍ਰੀ ਮੋਦੀ ਨੇ ਹਾਲ ਹੀ ਵਿੱਚ ਅੰਤਰ-ਰਾਸ਼ਟਰੀ ਪੁਲਾੜ ਸਟੇਸ਼ਨ ਗਏ ਭਾਰਤ ਦੇ ਗਰੁੱਪ ਕੈਪਟਨ ਸ਼ੁਭਾਂਸ਼ੂ ਸ਼ੁਕਲਾ ਦਾ ਵੀ ਜ਼ਿਕਰ ਕੀਤਾ । BYTE:

---------------------------------------------------------------------

ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਐਲਾਨ ਕੀਤਾ ਕਿ ਧੂਰੀ ਵਿਖੇ ਦੋ ਮਾਰਗੀ ਰੇਲਵੇ ਓਵਰਬ੍ਰਿਜ ਦਾ ਨਿਰਮਾਣ ਕੰਮ ਜਲਦੀ ਹੀ ਸ਼ੁਰੂ ਹੋ ਜਾਵੇਗਾ। ਮੁੱਖ ਮੰਤਰੀ ਨੇ ਕਿਹਾ ਕਿ ਸੂਬਾ ਸਰਕਾਰ ਦੇ ਲਗਾਤਾਰ ਯਤਨਾਂ ਤੋਂ ਬਾਅਦ ਰੇਲਵੇ ਮੰਤਰਾਲੇ ਵੱਲੋਂ ਲੋੜੀਂਦੀ ਪ੍ਰਵਾਨਗੀ ਦੇ ਦਿੱਤੀ ਗਈ ਏ । ਉਨ੍ਹਾਂ ਕਿਹਾ ਕਿ ਇਹ ਅਤਿ-ਆਧੁਨਿਕ ਲੈਵਲ ਕਰਾਸਿੰਗ ਨੰਬਰ 62ਏ 'ਤੇ ਬਣਾਇਆ ਜਾਵੇਗਾ ਅਤੇ ਮਾਲਵਾ ਖੇਤਰ ਦੇ ਲੋਕਾਂ, ਖਾਸ ਕਰ ਕੇ ਧੂਰੀ ਹਿੱਸੇ ਦੇ ਵਸਨੀਕਾਂ ਨੂੰ ਦਰਪੇਸ਼ ਟਰੈਫਿਕ ਸਮੱਸਿਆ ਨੂੰ ਹੱਲ ਕਰੇਗਾ । ਇਸ ਪ੍ਰਾਜੈਕਟ ਦੀ ਕੁੱਲ ਲਾਗਤ 54 ਕਰੋੜ 76 ਲਖ ਰੁਪਏ ਏ , ਜਿਸ ਦਾ ਪੂਰਾ ਖ਼ਰਚਾ ਸੂਬਾ ਸਰਕਾਰ ਵੱਲੋਂ ਕੀਤਾ ਜਾਵੇਗਾ। ਉਨ੍ਹਾਂ ਦਸਿਆ ਕਿ ਇਹ ਪ੍ਰਾਜੈਕਟ 18 ਮਹੀਨਿਆਂ ਦੇ ਅੰਦਰ ਪੂਰਾ ਹੋ ਜਾਵੇਗਾ। ਉਨ੍ਹਾਂ ਕਿਹਾ ਕਿ ਰੇਲਵੇ ਅਧਿਕਾਰੀਆਂ ਤੋਂ ਲੋੜੀਂਦੀਆਂ ਪ੍ਰਵਾਨਗੀਆਂ ਪ੍ਰਾਪਤ ਹੋਣ ਦੇ ਨਾਲ ਪ੍ਰਾਜੈਕਟ 'ਤੇ ਕੰਮ ਜਲਦੀ ਸ਼ੁਰੂ ਹੋ ਜਾਵੇਗਾ। ਪੰਜਾਬ ਦੇ ਵਿਕਾਸ ਅਤੇ ਲੋਕਾਂ ਦੀ ਖ਼ੁਸ਼ਹਾਲੀ ਪ੍ਰਤੀ ਆਪਣੀ ਸਰਕਾਰ ਦੀ ਵਚਨਬੱਧਤਾ ਦੁਹਰਾਉਂਦੇ ਹੋਏ ਮੁੱਖ ਮੰਤਰੀ ਨੇ ਜ਼ੋਰ ਦੇ ਕੇ ਕਿਹਾ ਕਿ ਸਰਬਪੱਖੀ ਵਿਕਾਸ ਲਈ ਕੋਈ ਕਸਰ ਬਾਕੀ ਨਹੀਂ ਛੱਡੀ ਜਾਵੇਗੀ।

------------------------------------------------------------------------------

ਸ਼ੇਰੇ ਪੰਜਾਬ ਮਹਾਰਾਜਾ ਰਣਜੀਤ ਸਿੰਘ ਜੀ ਦੀ ਬਰਸੀ ਸਮਾਗਮ ਅੱਜ

ਅੰਮ੍ਰਿਤਸਰ ਦੇ ਇਤਿਹਾਸਕ ਰਾਮਬਾਗ ਵਿਖੇ ਕਰਵਾਇਆ ਗਿਆ । ਇਹ ਸਮਾਗਮ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਸ਼੍ਰੀ ਅਕਾਲ ਤਖਤ ਸਾਹਿਬ ਦੀ ਛਤਰ ਛਾਇਆ ਹੇਠ ਸੰਗਤਾਂ ਦੇ ਸਹਿਯੋਗ ਨਾਲ ਆਯੋਜਿਤ ਕੀਤਾ ਗਿਆ। ਅਕਾਲ ਤਖਤ ਸਾਹਿਬ ਦੇ ਕਾਰਜਕਾਰੀ ਜਥੇਦਾਰ ਸਿੰਘ ਸਾਹਿਬ ਗਿਆਨੀ ਕੁਲਦੀਪ ਸਿੰਘ ਗੜਗੱਜ ਨੇ ਕਿਹਾ ਕਿ ਇਹ ਇਤਿਹਾਸਕ ਪਲ ਨੇ ਜਦੋਂ ਸਾਲ 1849 ਤੋਂ ਬਾਅਦ ਪਹਿਲੀ ਵਾਰੀ ਰਾਮਬਾਗ ਵਿਚ ਗੁਰੂ ਗ੍ਰੰਥ ਸਾਹਿਬ ਜੀ ਦਾ ਪ੍ਰਕਾਸ਼ ਹੋਇਆ, ਗੁਰਬਾਣੀ ਦਾ ਪਾਠ, ਢਾਡੀ ਵਾਰਾਂ ਅਤੇ ਕੀਰਤਨ ਦੀ ਰਸਨਾ ਹੋਈ। ਉਨ੍ਹਾਂ ਅੰਮ੍ਰਿਤਸਰ ਦੇ ਰਾਮਬਾਗ ਨੂੰ ਬਰਸੀ ਸਮਾਗਮ ਬਾਰੇ ਹਮੇਸ਼ਾ ਲਈ ਕੇਂਦਰੀ ਥਾਂ ਬਣਾਉਣ ਅਤੇ ਅਜਿਹੀਆਂ ਥਾਵਾਂ ਬਟਾਲਾ, ਗੱਲਾਂ ਨਗਰ, ਫਿਲੌਰ ਨੂੰ ਵੀ ਇਨ੍ਹਾਂ ਦੀਆਂ ਯਾਦਾਂ ਨਾਲ ਜੋੜ ਕੇ ਸੰਭਾਲਣ ਦੀ ਅਪੀਲ ਕੀਤੀ ।

------------------------------------------------------------------------

ਪੰਜਾਬ ਦੇ ਕੈਬਨਿਟ ਮੰਤਰੀ ਗੁਰਮੀਤ ਸਿੰਘ ਖੁੱਡੀਆਂ ਨੇ ਅੱਜ ਹਲਕਾ ਲੰਬੀ ਦੇ ਪਿੰਡ ਵਣਵਾਲਾ ਅਣੂ ਅਤੇ ਕੱਖਾਂਵਾਲੀ ‘ਚ ਪਸ਼ੂ ਡਿਸਪੈਂਸਰੀਆਂ ਦੀਆਂ ਨਵੀਆਂ ਇਮਾਰਤਾਂ ਬਣਾਉਣ ਦੇ ਨੀਂਹ ਪੱਥਰ ਰੱਖੇ। ਕੈਬਨਿਟ ਮੰਤਰੀ ਨੇ ਦੱਸਿਆ ਕਿ ਪਿੰਡ ਵਣਵਾਲਾ ਅਣੂ ਅਤੇ ਕੱਖਾਂਵਾਲੀ

ਵਿੱਚ 47 ਲੱਖ ਤੋਂ ਵੱਧ ਰੁਪਏ ਦੀ ਲਾਗਤ ਨਾਲ ਪਸ਼ੂ ਡਿਸਪੈਂਸਰੀਆਂ ਦੀਆਂ ਅਤਿ ਆਧੁਨਿਕ ਇਮਾਰਤਾਂ ਤਿਆਰ ਕੀਤੀਆਂ ਜਾਣਗੀਆਂ। ਉਨ੍ਹਾਂ ਕਿਹਾ ਕਿ ਇਹ ਪਸ਼ੂ ਡਿਸਪੈਂਸਰੀਆਂ ਇਨ੍ਹਾਂ ਪਿੰਡਾਂ ਸਮੇਤ ਨੇੜਲੇ ਹੋਰ ਵੀ ਕਈ ਪਿੰਡਾਂ ਦੇ ਪਸ਼ੂ ਪਾਲਕਾਂ ਲਈ ਵਰਦਾਨ ਸਾਬਤ ਹੋਣਗੀਆਂ।

-------------------------------------------------------------------------------

ਜ਼ਿਲ੍ਹਾ ਸ੍ਰੀ ਮੁਕਤਸਰ ਸਾਹਿਬ ਦੀਆਂ ਉੱਡਣ ਦਸਤੇ ਟੀਮਾਂ ਨੇ ਅਚਾਨਕ ਜ਼ਿਲ੍ਹੇ ਦੇ ਖਾਦ ਅਤੇ ਦਵਾਈਆਂ ਦੇ ਵਿਕਰੇਤਾਵਾਂ ਦੀ ਚੈਕਿੰਗ ਕੀਤੀ ਅਤੇ ਸ਼ੱਕੀ ਖੇਤੀ ਵਸਤਾਂ ਦੇ ਚਾਰ ਸੈਂਪਲ ਵੀ ਭਰੇ। ਇਸ ਦੌਰਾਨ ਮੰਡੀ ਲੱਖੇਵਾਲੀ, ਗਿੱਦੜਬਾਹਾ, ਸ੍ਰੀ ਮੁਕਤਸਰ ਸਾਹਿਬ 'ਚ ਚੈਕਿੰਗ ਕਰਦਿਆਂ ਪਤਾ ਲੱਗਾ ਕਿ ਡੀਲਰਾਂ ਵੱਲੋਂ ਨਿਯਮਾਂ ਅਨੁਸਾਰ ਕਾਰੋਬਾਰ ਕਰਨ ਵਿੱਚ ਕਾਫੀ ਕੁਤਾਹੀ ਕੀਤੀ ਜਾ ਰਹੀ ਸੀ। ਟੀਮ ਵਿਚ ਸ਼ਾਮਿਲ ਮੁੱਖ ਖੇਤੀਬਾੜੀ ਅਫਸਰ ਨੇ ਡੀਲਰਾਂ ਨੂੰ ਹਦਾਇਤ ਕੀਤੀ ਕਿ ਉਹਨਾਂ ਨੇ ਜੇਕਰ ਅਜੇ ਵੀ ਕਿਸੇ ਕਿਸਮ ਦੀ ਅਣਗਹਿਲੀ ਜਾਂ ਕਿਸਾਨਾਂ ਨੂੰ ਪਰੇਸ਼ਾਨੀ ਦਿੱਤੀ ਤਾਂ ਉਹਨਾਂ ਖਿਲਾਫ ਤੁਰੰਤ ਢੁਕਵੀਂ ਕਾਰਵਾਈ ਕੀਤੀ ਜਾਵੇਗੀ । ਉਨਾਂ ਕਿਸਾਨਾਂ ਨੂੰ ਵੀ ਅਪੀਲ ਕੀਤੀ ਕਿ ਉਹ ਬਿਨਾਂ ਵਜ੍ਹਾ ਖਾਦਾਂ ਅਤੇ ਦਵਾਈਆਂ ਦਾ ਇਸਤੇਮਾਲ ਕਰਕੇ ਆਪਣੇ ਖੇਤੀ ਖਰਚੇ ਨਾ ਵਧਾਉਣ

ਸਗੋਂ, ਖੇਤੀ ਮਾਹਿਰਾਂ ਦੀ ਸਲਾਹ ਨਾਲ ਹੀ ਖਾਦਾਂ, ਦਵਾਈਆਂ ਦੀ ਵਰਤੋਂ ਕਰਨ।

---------------------------------------------------------------------

ਅੱਜ ਅੰਕੜਿਆਂ ਬਾਰੇ ਦਿਵਸ ਮਨਾਇਆ ਜਾ ਰਿਹਾ ਏ। ਇਹ ਦਿਨ ਹਰ ਸਾਲ ਪ੍ਰੋਫੈਸਰ ਪ੍ਰਸ਼ਾਂਤ ਚੰਦਰ ਮਹਾਲ-ਨੋਬਿਸ ਦੇ ਜਨਮ ਦਿਨ ਦੀ ਯਾਦ ਵਿੱਚ ਮਨਾਇਆ ਜਾਂਦਾ ਏ, ਜੋ ਅੰਕੜਿਆਂ ਅਤੇ ਆਰਥਿਕ ਯੋਜਨਾਬੰਦੀ ਦੇ ਖੇਤਰ ਵਿੱਚ ਮੋਹਰੀ ਸਨ। ਇਸ ਸਾਲ ਅੰਕੜਿਆਂ ਬਾਰੇ ਦਿਵਸ ਦਾ ਵਿਸ਼ਾ - "ਰਾਸ਼ਟਰੀ ਨਮੂਨਾ ਸਰਵੇਖਣ ਦੇ 75 ਸਾਲ" ਰੱਖਿਆ ਗਿਆ ਏ। ਇਹ ਦੇਸ਼ ਵਿੱਚ ਸਬੂਤ-ਅਧਾਰਤ ਫੈਸਲੇ ਲੈਣ ਅਤੇ ਸ਼ਾਸਨ ਦੀ ਹਮਾਇਤ ਕਰਨ ਵਾਲੇ ਭਰੋਸੇਮੰਦ ਤੇ ਅੰਕੜਿਆਂ ਅਧਾਰਤ ਡੇਟਾ ਪ੍ਰਦਾਨ ਕਰਨ ਵਿੱਚ, ਰਾਸ਼ਟਰੀ ਨਮੂਨਾ ਸਰਵੇਖਣ ਦੇ ਅਹਿਮ ਯੋਗਦਾਨ ਨੂੰ ਦਰਸਾਉਂਦਾ ਏ।

---------------------------------------------------------------------

12 ਪੰਜਾਬ ਬਟਾਲੀਅਨ ਐਨ.ਸੀ.ਸੀ ਦਾ ਸਾਂਝਾ ਸਾਲਾਨਾ ਸਿਖਲਾਈ ਕੈਂਪ ਇਸ ਸਮੇਂ ਰਿਆਤ ਬਾਹਰਾ ਐਜੂਸਿਟੀ ਵਿਖੇ ਚੱਲ ਰਿਹਾ ਏ। ਇਹ ਕੈਂਪ 5 ਜੁਲਾਈ ਤੱਕ ਜਾਰੀ ਰਹੇਗਾ, ਜਿਸ ਵਿੱਚ ਜ਼ਿਲ੍ਹੇ ਭਰ ਦੇ

ਵੱਖ-ਵੱਖ ਕਾਲਜਾਂ ਅਤੇ ਸਕੂਲਾਂ ਦੀ ਨੁਮਾਇੰਦਗੀ ਕਰਨ ਵਾਲੇ ਸੀਨੀਅਰ ਡਿਵੀਜ਼ਨ, ਸੀਨੀਅਰ ਵਿੰਗ, ਜੂਨੀਅਰ ਡਿਵੀਜ਼ਨ ਅਤੇ ਜੂਨੀਅਰ ਵਿੰਗ ਦੇ 539 ਐਨਸੀਸੀ ਕੈਡਿਟ ਉਤਸ਼ਾਹ ਨਾਲ ਹਿੱਸਾ ਲੈ ਰਹੇ ਨੇ । ਬਟਾਲੀਅਨ ਦੇ ਕੈਂਪ ਕਮਾਂਡੈਂਟ ਅਤੇ ਕਮਾਂਡਿੰਗ ਅਫ਼ਸਰ ਕਰਨਲ ਲਵਦੀਪ ਸਿੰਘ ਸੈਣੀ ਨੇ ਕੈਡਿਟਾਂ ਨੂੰ ਦਿੱਤੀ ਜਾ ਰਹੀ ਸਿਖਲਾਈ ਬਾਰੇ ਜਾਣਕਾਰੀ ਸਾਂਝੀ ਕਰਦਿਆਂ ਕਿਹਾ ਕਿ ਇਹ ਕੈਂਪ ਸਰੀਰਕ ਤੰਦਰੁਸਤੀ, ਮਸ਼ਕ, ਹਥਿਆਰ ਸਿਖਲਾਈ, ਸ਼ਖਸੀਅਤ ਵਿਕਾਸ ਅਤੇ ਲੀਡਰਸ਼ਿਪ ਗੁਣਾਂ ਦੇ ਵਿਕਾਸ 'ਤੇ ਕੇਂਦ੍ਰਿਤ ਏ । ਹੁਸ਼ਿਆਰਪੁਰ ਦੀ ਡਿਪਟੀ ਕਮਿਸ਼ਨਰ ਆਸ਼ਿਕਾ ਜੈਨ ਨੇ ਕੈਡਿਟਾਂ ਨਾਲ ਆਪਣੇ ਨਿੱਜੀ ਤਜਰਬੇ ਸਾਂਝੇ ਕੀਤੇ, ਅਤੇ ਉਨ੍ਹਾਂ ਨੂੰ ਜਨਤਕ ਸੇਵਾ ਵਿੱਚ ਆਪਣੇ ਸਫ਼ਰ ਤੋਂ ਪ੍ਰੇਰਿਤ ਕੀਤਾ । ਉਨ੍ਹਾਂ ਨੌਜਵਾਨ ਕੈਡਿਟਾਂ ਨੂੰ ਅਨੁਸ਼ਾਸਿਤ, ਜ਼ਿੰਮੇਵਾਰ ਨਾਗਰਿਕ ਬਣਨ ਅਤੇ ਸਮਾਜ ਅਤੇ ਦੇਸ਼ ਦੀ ਤਰੱਕੀ ਵਿੱਚ ਸਰਗਰਮੀ ਨਾਲ ਯੋਗਦਾਨ ਪਾਉਣ ਲਈ ਉਤਸ਼ਾਹਿਤ ਕੀਤਾ।

---------------------------------------------------------------------

ਜਲੰਧਰ ਦੀ ਖੁਰਾਕ ਸੁਰੱਖਿਆ ਟੀਮ ਵੱਲੋਂ ਖਾਣ-ਪੀਣ ਵਾਲੇ ਪਦਾਰਥਾਂ ਵਿੱਚ ਮਿਲਾਵਟ ਨੂੰ ਰੋਕਣ ਲਈ ਚੁੱਕੇ ਜਾ ਰਹੇ ਕਦਮਾਂ ਦੀ ਲੜੀ ਤਹਿਤ

ਸ਼ਹਿਰ ਦੇ ਵੱਖ-ਵੱਖ ਇਲਾਕਿਆਂ ਵਿੱਚ ਨਿਰੀਖਣ ਦੌਰਾਨ ਖਾਧ ਪਦਾਰਥਾਂ ਦੇ 7 ਸੈਂਪਲ ਭਰੇ ਗਏ। ਸਹਾਇਕ ਕਮਿਸ਼ਨਰ ਡਾ. ਹਰਜੋਤ ਪਾਲ ਸਿੰਘ ਦੀ ਨਿਗਰਾਨੀ ਹੇਠ ਟੀਮ ਨੇ ਮਿੱਠੂ ਬਸਤੀ ਅਤੇ ਬਸਤੀ ਸ਼ੇਖ ਰੋਡ ਇਲਾਕਿਆਂ ਵਿੱਚ ਖਾਧ ਪਦਾਰਥਾਂ ਨਾਲ ਸਬੰਧਤ ਵੱਖ-ਵੱਖ ਅਦਾਰਿਆਂ ਦਾ ਨਿਰੀਖਣ ਕੀਤਾ ਗਿਆ। ਇਸ ਦੌਰਾਨ ਅਗਲੇਰੀ ਜਾਂਚ ਲਈ ਖਾਣ-ਪੀਣ ਵਾਲੇ ਪਦਾਰਥਾਂ ਦੇ 7 ਸੈਂਪਲ ਭਰੇ ਗਏ । ਟੀਮ ਨੇ ਖਾਧ ਪਦਾਰਥ ਵੇਚਣ ਵਾਲਿਆਂ ਨੂੰ ਆਪਣੀ ਸਾਲਾਨਾ ਆਮਦਨ ਅਨੁਸਾਰ ਖੁਰਾਕ ਸੁਰੱਖਿਆ ਐਕਟ ਅਧੀਨ ਲਾਇਸੈਂਸ ਪ੍ਰਾਪਤ ਕਰਨ ਲਈ ਜਾਗਰੂਕ ਵੀ ਕੀਤਾ ਗਿਆ।

-----------------------------------------------------------------------

ਪੰਜਾਬ ਅਤੇ ਚੰਡੀਗੜ੍ਹ ਦੇ ਕਈ ਹਿੱਸਿਆਂ ਵਿੱਚ ਰਾਤ ਤੋਂ ਰੁਕ-ਰੁਕ ਕੇ ਹੋਈ ਬਾਰਿਸ਼ ਨਾਲ ਤਾਪਮਾਨ ‘ਚ ਗਿਰਾਵਟ ਦਰਜ ਕੀਤੀ ਗਈ ਏ, ਜਿਸ ਨਾਲ ਲੋਕਾਂ, ਖ਼ਾਸਕਰ ਕਿਸਾਨਾਂ ਨੂੰ ਰਾਹਤ ਮਿਲੀ ਏ, ਪਰ ਕਈ ਥਾਵਾਂ 'ਤੇ ਪਾਣੀ ਭਰਨ ਕਾਰਨ ਲੋਕਾਂ ਨੂੰ ਸਮੱਸਿਆਵਾਂ ਦਾ ਸਾਹਮਣਾ ਵੀ ਕਰਨਾ ਪੈ ਰਿਹਾ ਏ । ਲਗਾਤਾਰ ਮੀਂਹ ਕਾਰਨ ਮੁਹਾਲੀ ਵਿੱਚ ਕਈ ਥਾਈਂ ਪਾਣੀ ਭਰ ਗਿਆ ਅਤੇ ਬਿਜਲੀ ਜਾਣ ਕਰਕੇ ਜਨਜੀਵਨ ਤੇ ਪੀਣ ਵਾਲੇ

ਪਾਣੀ ਦੀ ਸਪਲਾਈ ਵੀ ਪ੍ਰਭਾਵਿਤ ਹੋਈ। ਅੱਜ ਜਲੰਧਰ ਸਮੇਤ ਸੂਬੇ ਦੇ ਕਈ ਜ਼ਿਲਿਆਂ ਵਿਚ ਸੰਘਣੀ ਬੱਦਲਵਾਈ ਬਣੀ ਹੋਈ ਏ । ਮੌਸਮ ਵਿਭਾਗ ਨੇ ਅਗਲੇ 2 ਤੋਂ 3 ਦਿਨਾਂ ਦੌਰਾਨ ਦੱਖਣ-ਪੱਛਮੀ ਮਾਨਸੂਨ ਦੇ ਹੋਰ ਅੱਗੇ ਵਧਣ ਲਈ ਹਾਲਾਤ ਸੁਖਾਵੇਂ ਹੋਣ ਦੀ ਪੇਸ਼ੀਨਗੋਈ ਕੀਤੀ ਏ। PTCs-ਗਿਰਧਰ, ਮਹਿਕ, ਜੋਗਿੰਦਰ ਮਾਨ- ---

-----------------------------------------------------------------

ਇਸੇ ਦੌਰਾਨ ਭਾਰੀ ਮੀਂਹ ਕਾਰਨ, ਪਠਾਨਕੋਟ-ਸ਼ਾਹਪੁਰ ਕੰਢੀ ਵਾਇਆ ਧਾਰ ਕਲਾਂ ਡਲਹੌਜ਼ੀ ਚਾਬਾ ਸੜਕ 'ਤੇ ਰਣਜੀਤ ਸਾਗਰ ਡੈਮ ਨੇੜੇ ਜ਼ਮੀਨ ਖਿਸਕਣ ਕਾਰਨ ਆਵਾਜਾਈ ਬੰਦ ਕਰ ਦਿੱਤੀ ਗਈ ਏ । ਸੜਕ 'ਤੇ ਵੱਡੇ ਪੱਥਰ ਡਿੱਗਣ ਕਾਰਨ ਸੜਕ ਦੇ ਦੋਵੇਂ ਪਾਸੇ ਸੜਕਾਂ ਬੰਦ ਕਰ ਦਿੱਤੀਆਂ ਗਈਆਂ ਨੇ । ਰਣਜੀਤ ਸਾਗਰ ਡੈਮ ਦੇ ਸੁਪਰਡੈਂਟ ਇੰਜੀਨੀਅਰ ਕੁਲਦੀਪ ਸਿੰਘ ਨੇ ਵੇਰਵੇ ਸਾਂਝੇ ਕਰਦਿਆਂ ਦਸਿਆ

BYTE: ਜ਼ਮੀਨ ਖਿਸਕਣ ਤੋਂ ਬਾਅਦ, ਜੰਮੂ-ਕਸ਼ਮੀਰ ਅਤੇ ਹੋਰ ਖੇਤਰਾਂ ਦੇ ਡਲਹੌਜ਼ੀ ਅਤੇ ਚੰਬਾ ਜਾ ਰਹੇ ਲੋਕਾਂ ਨੂੰ ਕਈ ਘੰਟਿਆਂ ਲਈ ਟ੍ਰੈਫਿਕ ਜਾਮ ਦਾ ਸਾਹਮਣਾ ਅਤੇ ਪਠਾਨਕੋਟ ਰਾਹੀਂ ਲੰਬਾ ਰਸਤਾ ਲੈ ਕੇ ਅੱਗੇ ਜਾਣਾ ਪਿਆ। ਸਾਵਧਾਨੀ ਵਜੋਂ, ਪ੍ਰਸ਼ਾਸਨ ਨੇ ਸੜਕ 'ਤੇ ਆਵਾਜਾਈ ਨੂੰ

ਬੰਦ ਕਰਕੇ ਦੂਜੇ ਰਸਤੇ ਵੱਲ ਮੋੜ ਦਿੱਤਾ ਗਿਆ ਏ। ਓਧਰ ਪਠਾਨਕੋਟ ਵਾਸੀ ਛਪਿੰਦਰ ਸਿੰਘ ਨੇ ਕਿਹਾ। BYTE:

---------------------------------------------------------------------

ਓਧਰ ਹਿਮਾਚਲ ਪ੍ਰਦੇਸ਼ ਵਿੱਚ ਭਾਰੀ ਬਾਰਿਸ਼ ਨੇ ਜਨਜੀਵਨ ਨੂੰ ਬੁਰੀ ਤਰ੍ਹਾਂ ਪ੍ਰਭਾਵਿਤ ਕੀਤਾ ਏ। ਸਾਡੇ ਪੱਤਰਕਾਰ ਨੇ ਦੱਸਿਆ ਹੈ ਕਿ ਮੌਸਮ ਵਿਭਾਗ ਨੇ 5 ਜੁਲਾਈ ਤੱਕ ਸੂਬੇ ਵਿੱਚ ਭਾਰੀ ਬਾਰਿਸ਼ ਦੀ ਪੇਸ਼ੀਨਗੋਈ ਕੀਤੀ ਏ। ਕਾਲਕਾ-ਸ਼ਿਮਲਾ ਹੈਰੀਟੇਜ ਰੇਲਵੇ ਲਾਈਨ 'ਤੇ ਸੋਲਨ ਵਿੱਚ ਦਰੱਖਤ ਅਤੇ ਪੱਥਰ ਡਿੱਗਣ ਕਾਰਨ ਰੇਲ ਸੇਵਾ ਪ੍ਰਭਾਵਿਤ ਹੋਈ ਏ। ਰੇਲਵੇ ਲਾਈਨ ਤੋਂ ਮਲਬਾ ਹਟਾਉਣ ਦਾ ਕੰਮ ਜਾਰੀ ਏ। ਇਸ ਦੌਰਾਨ, ਸੂਬੇ ਦੇ ਪ੍ਰਸ਼ਾਸਨ ਨੇ ਲੋਕਾਂ ਨੂੰ ਨਦੀਆਂ, ਨਾਲਿਆਂ ਅਤੇ ਪਹਾੜੀ ਢਲਾਣਾਂ ਤੋਂ ਦੂਰ ਰਹਿਣ ਦੀ ਅਪੀਲ ਕੀਤੀ ਏ।

---------------------------------------------------------------------

- ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਆਕਾਸ਼ਵਾਣੀ 'ਤੇ ਮਨ ਕੀ ਬਾਤ ਪ੍ਰੋਗਰਾਮ ਵਿੱਚ, ਦੇਸ਼ ਵਿਦੇਸ਼ ਵਿਚ ਲੋਕਾਂ ਨਾਲ ਆਪਣੇ ਵਿਚਾਰ ਸਾਂਝੇ ਕੀਤੇ - ਕਿਹਾ ਭਾਰਤ ਸਿਹਤ ਤੋਂ ਲੈ ਕੇ ਸਮਾਜਿਕ ਸੁਰੱਖਿਆ ਤੱਕ, ਹਰ ਖੇਤਰ ਵਿੱਚ ਤਰੱਕੀ ਕਰ ਰਿਹੈ, ਜੋ ਸਮਾਜਿਕ ਨਿਆਂ ਦੀ ਇੱਕ ਵਧੀਆ ਤਸਵੀਰ ਪੇਸ਼ ਕਰਦਾ ਏ।

- ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਧੂਰੀ ਵਿਖੇ, 54 ਕਰੋੜ ਤੋਂ ਵੱਧ ਦੀ ਲਾਗਤ ਵਾਲੇ ਦੋ ਮਾਰਗੀ ਰੇਲਵੇ ਓਵਰਬ੍ਰਿਜ ਦਾ ਨਿਰਮਾਣ ਕਾਰਜ ਜਲਦੀ ਸ਼ੁਰੂ ਹੋਣ ਦਾ ਕੀਤਾ ਐਲਾਨ।
- ਸ਼ੇਰੇ ਪੰਜਾਬ ਮਹਾਰਾਜਾ ਰਣਜੀਤ ਸਿੰਘ ਦਾ ਬਰਸੀ ਸਮਾਗਮ ਅੱਜ ਅੰਮ੍ਰਿਤਸਰ ਦੇ ਇਤਿਹਾਸਕ ਰਾਮਬਾਗ ਵਿਖੇ ਕਰਵਾਇਆ ਗਿਆ।
- ਪੰਜਾਬ ਅਤੇ ਚੰਡੀਗੜ੍ਹ ਦੇ ਕਈ ਹਿੱਸਿਆਂ ਵਿੱਚ ਰੁਕ-ਰੁਕ ਕੇ ਪੈ ਰਹੇ ਮੀਹਂ ਕਾਰਨ ਮੌਸਮ ਵਿਚ ਤਬਦੀਲੀ-ਪਠਾਨਕੋਟ-ਸ਼ਾਹਪੁਰ ਕੰਢੀ ਵਾਇਆ ਧਾਰ ਕਲਾਂ ਡਲਹੌਜ਼ੀ ਚਾਬਾ ਸੜਕ 'ਤੇ ਜ਼ਮੀਨ ਖਿਸਕਣ ਕਾਰਨ ਆਵਾਜਾਈ ਬੰਦ ਕੀਤੀ ਗਈ- ਮੁਰੰਮਤ ਕਾਰਜ ਜਾਰੀ I

**ਇਸਦੇ ਨਾਲਪ੍ਰਦੇਸ਼ਕ ਖਬਰਾਂ ਦਾ ਇਹ ਬੁਲੇਟਿਨ ਖਤਮ ਹੋਇਆ,**
**ਰਾਸ਼ਟਰੀ ਖਬਰਾਂ ਦਾ ਅਗਲਾ ਬੁਲੇਟਿਨ ਤੁਸੀਂ**
**ਸੁਣੋਗੇ 7 ਵੱਜਕੇ 30 ਮਿੰਟ 'ਤੇ ਨਮਸਕਾਰ !**